SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 24** | **Friday, February 03, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਮੈਡੀਕਲ ਸਹਾਇਤਾ ਨਾਲ ਮੌਤ ਨੂੰ ਗਲ ਲਾਉਣ ਦੀ ਯੋਗਤਾ ਦੇ ਪਸਾਰ ਵਿੱਚ ਦੇਰ ਲਈ ਬਿੱਲ ਪੇਸ਼ ਕਰਨਗੇ ਲਿਬਰਲ

ਓਟਵਾ, 2 ਫਰਵਰੀ (ਪੋਸਟ ਬਿਊਰੋ) : ਮਾਨਸਿਕ ਰੋਗ ਕਾਰਨ ਕਿਸੇ ਨੂੰ ਮੈਡੀਕਲ ਸਹਾਇਤਾ ਨਾਲ ਮੌਤ ਨੂੰ ਗਲ ਲਾਉਣ ਦੇ ਯੋਗ ਕਰਾਰ ਦੇਣ ਦੇ ਮਾਮਲੇ ਦਾ ਪਸਾਰ ਕਰਨ ਤੋਂ ਲਿਬਰਲ ਸਰਕਾਰ ਪੂਰੀ ਤਰ੍ਹਾਂ ਖਿਲਾਫ ਹੈ। ਇਸ ਲਈ ਅੱਜ ਸਰਕਾਰ ਵੱਲੋਂ ਇੱਕ ਬਿੱਲ ਲਿਆ ਕੇ ਇਸ ਦੇ ਪਸਾਰ ਵਿੱਚ ਹੋਰ ਦੇਰ ਕਰਨ ਲਈ ਰਾਹ ਪੱਧਰਾ ਕੀਤਾ ਜਾਵੇਗਾ।



ਨਿਆਂ ਮੰਤਰੀ ਡੇਵਿਡ ਲਾਮੇਟੀ ਨੇ ਆਖਿਆ ਕਿ ਇਹ ਦੇਰ ਕਰਨ ਦਾ ਫੈਸਲਾ ਉਸ ਸਮੇਂ ਕੀਤਾ ਗਿਆ ਜਦੋਂ ਫੈਡਰਲ ਸਰਕਾਰ ਨੂੰ ਇਹ ਪਤਾ ਲੱਗਿਆ ਕਿ ਕੈਨੇਡਾ ਦਾ ਹੈਲਥ ਕੇਅਰ ਸਿਸਟਮ ਇਸ ਪਸਾਰ ਲਈ ਤਿਆਰ ਨਹੀਂ ਹੈ। ਜ਼ਿਕਰਯੋਗ ਹੈ ਕਿ ਲਿਬਰਲ ਸਰਕਾਰ ਵੱਲੋਂ 2021 ਵਿੱਚ ਉਸ ਸਮੇਂ ਇਸ ਯੋਗਤਾ ਵਿੱਚ ਪਸਾਰ ਕਰਨ ਲਈ ਸਹਿਮਤੀ ਪ੍ਰਗਟਾਈ ਗਈ ਸੀ ਜਦੋਂ ਸੈਨੇਟਰਜ਼ ਨੇ ਮੈਡੀਕਲ ਸਹਾਇਤਾ ਨਾਲ ਮੌਤ ਨੂੰ ਗਲ ਲਾਉਣ ਸਬੰਧੀ ਬਿੱਲ ਵਿੱਚ ਸੋਧ ਕਰਕੇ ਅਜਿਹਾ ਕਰਨ ਲਈ ਆਖਿਆ ਸੀ। ਉਸ ਸਮੇਂ ਸੈਨੇਟਰਜ਼ ਦਾ ਤਰਕ ਸੀ ਕਿ ਜੇ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਮਾਨਸਿਕ ਰੋਗ ਤੋਂ ਪਰੇਸ਼ਾਨ ਲੋਕਾਂ ਦੇ ਅਧਿਕਾਰਾਂ ਦੀ ਉਲੰਘਣਾਂ ਹੋਵੇਗੀ।

ਪਰ ਬਿੱਲ ਵਿੱਚ ਇਸ ਪਸਾਰ ਲਈ ਦੋ ਸਾਲ ਦਾ ਸਮਾਂ ਦਿੱਤਾ ਗਿਆ ਸੀ ਜੋ ਕਿ ਮਾਰਚ ਵਿੱਚ ਮੁੱਕਣ ਜਾ ਰਿਹਾ ਹੈ ਬਸ਼ਰਤੇ ਉਦੋਂ ਤੱਕ ਪਾਰਲੀਆਮੈਂਟ ਨਵਾਂ ਕਾਨੂੰਨ ਪਾਸ ਕਰ ਦੇਵੇ। ਇੱਥੇ ਦੱਸਣਾ ਬਣਦਾ ਹੈ ਕਿ ਪਿਛਲੇ ਸਾਲ ਮਈ ਵਿੱਚ ਮੈਡੀਕਲ ਸਹਾਇਤਾ ਨਾਲ ਮੌਤ ਨੂੰ ਗਲ ਲਾਉਣ ਸਬੰਧੀ ਫੈਡਰਲ ਸਰਕਾਰ ਦੇ ਮਾਹਿਰਾਂ ਦੇ ਪੈਨਲ ਨੇ ਆਖਿਆ ਸੀ ਕਿ ਇਸ ਵਿੱਚ ਹੋਰ ਡਿਲੇਅ ਦੀ ਲੋੜ ਨਹੀਂ ਹੈ। ਇਸ ਦੌਰਾਨ ਲਾਮੇਟੀ ਨੇ ਆਖਿਆ ਕਿ ਉਨ੍ਹਾਂ ਨੂੰ ਆਸ ਹੈ ਕਿ ਸਮਾਂ ਮੁੱਕਣ ਤੋਂ ਪਹਿਲਾਂ ਸਾਰੀਆਂ ਪਾਰਟੀਆਂ ਵੱਲੋਂ ਸਮਝੌਤੇ ਉੱਤੇ ਮੋਹਰ ਲਾ ਦਿੱਤੀ ਜਾਵੇਗੀ ਤੇ ਸੈਨੇਟਰਜ਼ ਵੱਲੋਂ ਇਹ ਬਿੱਲ ਪਾਸ ਕਰ ਦਿੱਤਾ ਜਾਵੇਗਾ।

## ਦਰਜਨਾਂ ਸੋਧਾਂ ਨਾਲ ਸੈਨੇਟ ਵੱਲੋਂ ਲਿਬਰਲਾਂ ਦਾ ਵਿਵਾਦਗ੍ਰਸਤ ਆਨਲਾਈਨ ਸਟਰੀਮਿੰਗ ਐਕਟ ਪਾਸ

ਓਟਵਾ, 2 ਫਰਵਰੀ (ਪੋਸਟ ਬਿਊਰੋ) : ਵੱਡੀਆਂ ਟੈਕ ਕੰਪਨੀਆਂ, ਜਿਹੜੀਆਂ ਆਨਲਾਈਨ ਸਟਰੀਮਿੰਗ ਸਰਵਿਸਿਜ਼ ਮੁਹੱਈਆ ਕਰਵਾਉਂਦੀਆਂ ਹਨ, ਨੂੰ ਹੁਣ ਕੈਨੇਡੀਅਨ ਕੰਟੈਂਟ ਵੀ ਵਿਖਾਉਣਾ ਹੋਵੇਗਾ ਨਹੀਂ ਤਾਂ ਉਨ੍ਹਾਂ ਨੂੰ ਵੱਡੇ ਜੁਰਮਾਨਿਆਂ ਦਾ ਸਾਹਮਣਾ ਕਰਨਾ ਪਵੇਗਾ। ਅਜਿਹਾ ਇਸ ਲਈ ਸੰਭਵ ਹੋ ਸਕਿਆ ਹੈ ਕਿਉਂਕਿ ਲਿਬਰਲਾਂ ਵੱਲੋਂ ਲਿਆਂਦਾ ਵਿਵਾਦਗ੍ਰਸਤ ਬਿੱਲ ਪਾਸ ਹੋਣ ਦੇ ਇੱਕ ਕਦਮ ਹੋਰ ਨੇੜੇ ਪਹੁੰਚ ਗਿਆ ਹੈ।




ਸੈਨੇਟ ਵੱਲੋਂ ਆਨਲਾਈਨ ਸਟਰੀਮਿੰਗ ਐਕਟ, ਜਿਸ ਨੂੰ ਬਿੱਲ ਬੀ-11 ਵਜੋਂ ਵੀ ਜਾਣਿਆ ਜਾਂਦਾ ਹੈ, ਪਾਸ ਕਰ ਦਿੱਤਾ ਗਿਆ ਹੈ। ਸੈਨੇਟਰਜ਼ ਵੱਲੋਂ ਲੰਮੇਂ ਅਧਿਐਨ ਤੋਂ ਬਾਅਦ ਇਸ ਵਿੱਚ ਦਰਜਨਾਂ ਸੋਧਾਂ ਵੀ ਕੀਤੀਆਂ ਗਈਆਂ। ਇਸ ਬਿੱਲ ਨਾਲ ਕੈਨੇਡਾ ਵਿੱਚ ਬ੍ਰੌਡਕਾਸਟਿੰਗ ਸਬੰਧੀ ਨਿਯਮਾਂ ਨੂੰ ਅਪਡੇਟ ਕਰ ਦਿੱਤਾ ਜਾਵੇਗਾ। ਆਨਲਾਈਨ ਸਟਰੀਮਿੰਗ ਕਰਨ ਵਾਲੀਆਂ ਵੱਡੀਆਂ ਕੰਪਨੀਆਂ ਜਿਵੇਂ ਕਿ ਯੂਟਿਊਬ, ਨੈੱਟਫਲਿਕਸ ਤੇ ਸਪੌਟੀਫਾਇ ਨੂੰ ਕੈਨੇਡੀਅਨ ਕੰਟੈਂਟ ਵੀ ਵਿਖਾਉਣਾ ਹੋਵੇਗਾ ਤੇ ਇਸ ਨੂੰ ਕੈਨੇਡਾ ਦੇ ਯੂਜਰਜ਼ ਦੀ ਪਹੁੰਚ ਵਿੱਚ ਵੀ ਲਿਆਉਣਾ ਹੋਵੇਗਾ ਨਹੀਂ ਤਾਂ ਇਨ੍ਹਾਂ ਨੂੰ ਵੱਡੇ ਜੁਰਮਾਨੇ ਲੱਗਣਗੇ।

ਕੈਨੇਡੀਅਨ ਹੈਰੀਟੇਜ ਮੰਤਰੀ ਪਾਬਲੋ ਰੌਡਰਿਗਜ਼ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਪੂਰੀ ਆਸ ਹੈ ਕਿ ਸੈਨੇਟ ਵੱਲੋਂ ਕੀਤੀਆਂ ਗਈਆਂ ਤਬਦੀਲੀਆਂ ਦੇ ਮੁਲਾਂਕਣ ਤੋਂ ਬਾਅਦ ਹਾਊਸ ਆਫ ਕਾਮਨਜ਼ ਅਗਲੇ ਹਫਤੇ ਇਸ ਬਿੱਲ ਨੂੰ ਪਾਸ ਕਰ ਦੇਵੇ। ਰੌਡਰਿਗਜ਼ ਨੇ ਆਖਿਆ ਕਿ ਲਿਬਰਲ ਸਰਕਾਰ ਸੈਨੇਟ ਵੱਲੋਂ ਕੀਤੀਆਂ ਸਾਰੀਆਂ ਸਿਫਰਸ਼ਾਂ ਨਹੀਂ ਮੰਨੇਗੀ ਪਰ ਉਨ੍ਹਾਂ ਇਹ ਨਹੀਂ ਦੱਸਿਆ ਕਿ ਕਿਹੜੀਆਂ ਸਿਫਾਰਸ਼ਾਂ ਨਹੀਂ ਮੰਨੀਆਂ ਜਾਣਗੀਆਂ।

## ਜਾਅਲੀ ਗਿਫਟ ਕਾਰਡ ਤਿਆਰ ਕਰਨ ਵਾਲੀ ਲੈਬ ਦਾ ਪਰਦਾਫਾਸ਼, 3 ਕਾਬੂ

ਟੋਰਾਂਟੋ, 2 ਫਰਵਰੀ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਸਰਵਿਸ ਫਾਈਨਾਂਸ਼ੀਅਲ ਕ੍ਰਾਈਮਜ਼ ਯੂਨਿਟ ਵੱਲੋਂ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 500,000 ਡਾਲਰ ਦੇ ਨੇੜੇ ਤੇੜੇ ਜਾਅਲੀ ਗਿਫਟ ਕਾਰਡਜ਼ ਬਰਾਮਦ ਕੀਤੇ ਗਏ ਹਨ। ਇਸ ਦੇ ਨਾਲ ਹੀ ਇੱਕ ਜਾਅਲੀ ਲੈਬ ਦਾ ਪਰਦਾਫਾਸ਼ ਵੀ ਕੀਤਾ ਗਿਆ ਹੈ।




ਵੀਰਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਜਾਂਚਕਾਰਾਂ ਨੇ ਦੱਸਿਆ ਕਿ ਇਹ ਗਿਫਟ ਕਾਰਡ ਤਿਆਰ ਕਰਨ ਲਈ ਮਸ਼ਕੂਕਾਂ ਵੱਲੋਂ ਇੱਕ ਜਾਅਲੀ ਲੈਬ ਜੁਲਾਈ 2022 ਤੇ ਜਨਵਰੀ 2023 ਦਰਮਿਆਨ ਆਪਰੇਟ ਕੀਤੀ ਜਾ ਰਹੀ ਸੀ। 25 ਜਨਵਰੀ 2023 ਨੂੰ ਅਧਿਕਾਰੀਆਂ ਵੱਲੋਂ ਟੋਰਾਂਟੋ ਦੇ ਇੱਕ ਕਾਰੋਬਾਰੀ ਅਦਾਰੇ ਤੇ ਰਿਚਮੰਡ ਹਿੱਲ ਸਥਿਤ ਇੱਕ ਘਰ ਦੇ ਸਰਚ ਵਾਰੰਟ ਕਢਵਾ ਕੇ ਇਨ੍ਹਾਂ ਥਾਂਵਾਂ ਦੀ ਤਲਾਸ਼ੀ ਲਈ ਤਾਂ ਪੁਲਿਸ ਨੂੰ ਕਥਿਤ ਤੌਰ ਉੱਤੇ ਇਸ ਥਾਂ ਤੋਂ ਅੱਧਾ ਮਿਲੀਅਨ ਡਾਲਰ ਮੁੱਲ ਦੇ ਗਿਫਟ ਕਾਰਡ ਮਿਲੇ। ਇਸ ਦੇ ਨਾਲ ਹੀ ਪੁਲਿਸ ਨੂੰ ਉਹ ਸਾਰੇ ਇਕਿਉਪਮੈਂਟ ਵੀ ਮਿਲੇ ਜਿਹੜੇ ਇਨ੍ਹਾਂ ਨੂੰ ਤਿਆਰ ਕਰਨ ਤੇ ਇਨ੍ਹਾਂ ਵਿੱਚ ਫੇਰਬਦਲ ਕਰਨ ਲਈ ਲੋੜੀਂਦੇ ਸਨ।

ਪੁਲਿਸ ਨੇ ਦੱਸਿਆ ਕਿ ਇਨ੍ਹਾਂ ਥਾਂਵਾਂ ਤੋਂ ਸਰਕਾਰ ਵੱਲੋਂ ਜਾਰੀ ਕੀਤੇ ਗਏ ਜਾਅਲੀ ਆਇਡੈਂਟਿਟੀ ਦਸਤਾਵੇਜ਼ ਵੀ ਮਿਲੇ। ਇਸ ਸਬੰਧ ਵਿੱਚ ਰਿਚਮੰਡ ਹਿੱਲ ਦੇ 38 ਸਾਲਾ ਲੌਰੀ ਪੈਰੇਟ ਤੇ 35 ਸਾਲਾ ਵਿਟਾਲੀ ਫੋਕੋਵ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ ਹੈ। ਰਿਚਮੰਡ ਹਿੱਲ ਦੇ 34 ਸਾਲਾ ਐਲਿਜ਼ਾਵੇਟਾ ਪੈਰੇਟ ਨੂੰ ਵੀ ਜੁਰਮ ਨਾਲ ਹਾਸਲ ਕੀਤੀ ਗਈ ਰਕਮ ਰੱਖਣ ਲਈ ਚਾਰਜ ਕੀਤਾ ਗਿਆ ਹੈ।

ਪੁਲਿਸ ਵੱਲੋਂ ਲੋਕਾਂ ਨੂੰ ਸਲਾਹ ਦਿੱਤੀ ਜਾ ਰਹੀ ਹੈ ਕਿ ਕੋਈ ਵੀ ਗਿਫਟ ਕਾਰਡ ਖਰੀਦਣ ਤੋਂ ਪਹਿਲਾਂ ਉਸ ਦੀ ਚੰਗੀ ਤਰ੍ਹਾਂ ਜਾਂਚ ਕਰ ਲੈਣ। ਖਾਸਤਰ ਉੱਤੇ ਬਾਰ ਕੋਡ ਤੇ ਪਿੰਨ ਏਰੀਆ ਦੇ ਨੇੜੇ ਤੇੜੇ ਜ਼ਰੂਰ ਵੇਖਿਆ ਜਾਵੇ ਤੇ ਇਸ ਦੇ ਨਾਲ ਹੀ ਆਪਣੀ ਰਸੀਦ ਵੀ ਚੈੱਕ ਕੀਤੀ ਜਾਵੇ ਤੇ ਯਕੀਨੀ ਬਣਾਇਆ ਜਾਵੇ ਕਿ ਜਿਸ ਕਿਸਮ ਦਾ ਗਿਫਟ ਕਾਰਡ ਤੁਸੀਂ ਖਰੀਦਿਆ ਹੈ ਉਸ ਦਾ ਸੀਰੀਅਲ ਨੰਬਰ ਮੈਚ ਕਰਦਾ ਹੈ। ਇਸ ਤੋਂ ਇਲਾਵਾ ਪੁਲਿਸ ਨੇ ਆਖਿਆ ਕਿ ਆਪਣੇ ਕਾਰਡ ਨੂੰ ਜਲਦ ਤੋਂ ਜਲਦ ਆਨਲਾਈਨ ਰਜਿਸਟਰ ਕਰਵਾਉਣਾ ਚਾਹੀਦਾ ਹੈ ਤੇ ਆਪਣਾ ਪਿੰਨ ਕਿਸੇ ਨਾਲ ਸਾਂਝਾ ਨਹੀਂ ਕਰਨਾ ਚਾਹੀਦਾ।

## 7 ਡਾਕੇ ਮਾਰਨ ਵਾਲੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 2 ਫਰਵਰੀ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਇੱਕ ਮਸ਼ਕੂਕ ਦੀ ਪਛਾਣ ਕੀਤੀ ਗਈ ਹੈ ਜਿਸ ਨੇ ਪਿਛਲੇ ਤਿੰਨ ਮਹੀਨਿਆਂ ਦੇ ਅਰਸੇ ਵਿੱਚ 7 ਬੈਂਕ ਡਕੈਤੀਆਂ ਨੂੰ ਅੰਜਾਮ ਦਿੱਤਾ। ਪੁਲਿਸ ਨੇ ਦੋਸ਼ ਲਾਇਆ ਕਿ ਟੋਰਾਂਟੋ ਦੇ 59 ਸਾਲਾ ਡੈਨੀਅਲ ਕਲੈਟਨੇ ਵੱਲੋਂ 4 ਨਵੰਬਰ, 2022 ਤੋਂ ਲੈ ਕੇ 30 ਜਨਵਰੀ, 2023 ਤੱਕ ਸੱਤ ਬੈਂਕਾਂ ਨੂੰ ਲੁੱਟਿਆ ਗਿਆ। ਜਾਂਚਕਾਰਾਂ ਨੇ ਦੱਸਿਆ ਕਿ ਇਹ ਡਕੈਤੀਆਂ



ਸਾਊਥ ਇਟੋਬੀਕੋ ਤੇ ਸਾਊਥਵੈਸਟ ਓਲਡ ਟੋਰਾਂਟੋ ਏਰੀਆ ਵਿੱਚ ਹੋਈਆਂ। ਪੁਲਿਸ ਨੇ ਦੱਸਿਆ ਕਿ ਹਰ ਵਾਰੀ ਮਸ਼ਕੂਕ ਮਾਸਕ ਪਾ ਕੇ ਬੈਂਕ ਅੰਦਰ ਦਾਖਲ ਹੋਇਆ ਤੇ ਉਸ ਨੇ ਜਾਂ ਤਾਂ ਗੰਨ ਵਿਖਾ ਕੇ ਲੁੱਟ ਨੂੰ ਅੰਜਾਮ ਦਿੱਤਾ ਤੇ ਜਾਂ ਫਿਰ ਇਹ ਆਖ ਕੇ ਡਾਕਾ ਮਾਰਿਆ ਕਿ ਉਸ ਕੋਲ ਗੰਨ ਹੈ। ਪੁਲਿਸ ਨੇ ਦੱਸਿਆ ਕਿ ਸੱਤ ਮਾਮਲਿਆਂ ਵਿੱਚੋਂ ਛੇ ਵਿੱਚ ਉਹ ਵੱਡੀ ਗਿਣਤੀ ਵਿੱਚ ਨਗਦੀ ਆਪਣੇ ਨਾਲ ਲਿਜਾਣ ਵਿੱਚ ਕਾਮਯਾਬ ਹੋ ਗਿਆ। ਐਨੀਆਂ ਡਕੈਤੀਆਂ ਨੂੰ ਅੰਜਾਮ ਦੇਣ ਵਾਲਾ ਮਸ਼ਕੂਕ ਅਜੇ ਤੱਕ ਪੁਲਿਸ ਦੇ ਕਾਬੂ ਨਹੀਂ ਆਇਆ ਹੈ। ਕਲੈਟਨੇ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LePAGE Flower City Realty Off: 905.230.3100

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
○Home ○Auto
○Business ○Trucking
○Life Insurance ○Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HURRY NOW
COURR-2302FLYER
LIMITED TIME PROMO CODE
use our code for additional discount*
OURR HOME & APPLIANCES
Best deals on
LUXURY KITCHEN APPLIANCES
100% Satisfaction Guaranteed
Authorized dealer for
ALL MAJOR BRANDS
Unboxed units & new in-box units available
PRICE BEAT guarantee
DELIVERY now available
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST, LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553 www.ourrhomeappliances.com

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill
Certified & Licensed Exterminator

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
Licence $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
NC Dhawan
Certified Instructor
Cell: 416 726 6206 Tel: 905 405 0001

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਵਰਚੂਅਲ ਲਰਨਿੰਗ ਨੂੰ ਅਜੇ ਵੀ ਜਾਰੀ ਰੱਖਣਾ ਚਾਹੁੰਦੇ ਹਨ ਓਨਟਾਰੀਓ ਦੇ ਕੁੱਝ ਸਕੂਲ ਬੋਰਡਜ਼

ਟੋਰਾਂਟੋ, 2 ਫਰਵਰੀ (ਪੋਸਟ ਬਿਊਰੋ) : ਅਗਲੇ ਸਾਲ ਓਨਟਾਰੀਓ ਦੇ ਕਈ ਸਕੂਲ ਬੋਰਡਜ਼ ਵੱਲੋਂ ਵਰਚੂਅਲ ਲਰਨਿੰਗ ਜਾਰੀ ਰੱਖੀ ਜਾਵੇਗੀ। ਇਨ੍ਹਾਂ ਬੋਰਡਜ਼ ਦਾ ਕਹਿਣਾ ਹੈ ਕਿ ਇਹ ਲਰਨਿੰਗ ਮਹਾਂਮਾਰੀ ਵੇਲੇ ਕਰਵਾਈ ਜਾਣ ਵਾਲੀ ਵਰਚੂਅਲ ਲਰਨਿੰਗ ਨਾਲੋਂ ਵੱਖਰੀ ਹੋਵੇਗੀ।

ਓਟਵਾ-ਕਾਰਲਟਨ ਡਿਸਟ੍ਰਿਕਟ ਸਕੂਲ ਬੋਰਡ, ਟੋਰਾਂਟੋ ਕੈਥੋਲਿਕ ਡਿਸਟ੍ਰਿਕਟ ਸਕੂਲ ਬੋਰਡ ਤੇ ਟੋਰਾਂਟੋ ਡਿਸਟ੍ਰਿਕਟ ਸਕੂਲ ਬੋਰਡ ਵੱਲੋਂ 2023-24 ਵਿੱਚ ਇਹ ਰਿਮੋਟ ਲਰਨਿੰਗ ਜਾਰੀ ਰੱਖੀ ਜਾਵੇਗੀ। ਦਰਹਾਮ, ਪੀਲ ਤੇ ਲੈਂਬਟਨ ਕੈਂਟ ਡਿਸਟ੍ਰਿਕਟ ਸਕੂਲ ਬੋਰਡਜ਼ ਵੱਲੋਂ ਵੀ ਵਰਚੂਅਲ ਲਰਨਿੰਗ ਜਾਰੀ ਰੱਖਣ ਦਾ ਪਲੈਨ ਬਣਾਇਆ ਗਿਆ ਹੈ। ਆਉਣ ਵਾਲੇ ਵਰ੍ਹੇ ਲਈ ਉਹ ਪਰਿਵਾਰਾਂ ਦੀਆਂ ਤਰਜੀਹਾਂ ਦਾ ਪਤਾ ਲਾਉਣ ਲਈ ਸਰਵੇਅ ਕਰਵਾ ਰਹੇ ਹਨ। ਅਜਿਹਾ ਇਸ



ਲਈ ਕੀਤਾ ਜਾ ਰਿਹਾ ਹੈ ਤਾਂ ਕਿ ਇਹ ਪਤਾ ਲਾਇਆ ਜਾ ਸਕੇ ਕਿ ਕੀ ਪਰਿਵਾਰ ਅਜੇ ਵੀ ਇਸ ਵਿੱਚ ਦਿਲਚਸਪੀ ਰੱਖਦੇ ਹਨ।

ਟੋਰਾਂਟੋ ਕੈਥੋਲਿਕ ਬੋਰਡ ਦੇ ਡਾਇਰੈਕਟਰ ਆਫ ਐਜੂਕੇਸ਼ਨ ਬ੍ਰੈਂਡਨ ਬ੍ਰਾਊਨੀ ਦਾ ਕਹਿਣਾ ਹੈ ਕਿ ਅਜਿਹੇ 700 ਐਲੀਮੈਂਟਰੀ ਵਿਦਿਆਰਥੀ ਹਨ ਜਿਹੜੇ ਰਿਮੋਟ ਲਰਨਿੰਗ ਕਰਨੀ ਚਾਹੁੰਦੇ ਹਨ ਤੇ 280 ਵਿਦਿਆਰਥੀ ਸੈਕੰਡਰੀ ਵਰਚੂਅਲ ਸਕੂਲ ਵਿੱਚ ਪੜ੍ਹਨ ਲਈ ਤਿਆਰ ਹਨ। ਉਨ੍ਹਾਂ ਆਖਿਆ ਕਿ ਇਹ ਮੰਗ ਅਜੇ ਵੀ ਬਣੀ ਹੋਈ ਹੈ ਇਸ ਲਈ ਸਾਨੂੰ ਇਹ ਪੇਸ਼ਕਸ਼ ਜ਼ਰੂਰ ਕਰਨੀ ਚਾਹੀਦੀ ਹੈ।ਅਸੀਂ ਹਰ ਵਿਦਿਆਰਥੀ ਤੱਕ ਪਹੁੰਚਣਾ ਚਾਹੁੰਦੇ ਹਾਂ। ਫਰਵਰੀ 2022 ਵਿੱਚ ਓਨਟਾਰੀਓ ਨੇ ਵਰਚੂਅਲ ਲਰਨਿੰਗ ਮੁਹੱਈਆ ਕਰਵਾਉਣ ਦਾ ਫੈਸਲਾ ਕੀਤਾ ਸੀ ਪਰ 2023-24 ਲਈ ਇਹ ਫੈਸਲਾ ਅਜੇ ਨਹੀਂ ਕੀਤਾ ਗਿਆ।

ਪਰ ਟੀਡੀਐਸਬੀ ਇਸ ਫੈਸਲੇ ਦੀ ਉਡੀਕ ਨਹੀਂ ਕਰ ਰਿਹਾ। ਟੋਰਾਂਟੋ ਪਬਲਿਕ ਬੋਰਡ ਦੇ ਬੁਲਾਰੇ ਰਾਇਨ ਬਰਡ ਨੇ ਆਖਿਆ ਕਿ ਉਹ ਜਾਣਦੇ ਹਨ ਕਿ ਟੀਡੀਐਸਬੀ ਤੇ ਕੁੱਝ ਹੋਰ ਬੋਰਡ ਇਸ ਸਾਲ ਵੀ ਵਰਚੂਅਲ ਆਪਸ਼ਨ ਨਾਲ ਅੱਗੇ ਵੱਧ ਰਹੇ ਹਨ। ਇਸ ਦੌਰਾਨ ਕਈ ਬੋਰਡ ਅਜਿਹੇ ਵੀ ਹਨ ਜਿਹੜੇ ਅਗਲੇ ਸਾਲ ਲਈ ਆਪਣੀ ਯੋਜਨਾ ਉਲੀਕਣ ਤੋਂ ਪਹਿਲਾਂ ਪ੍ਰੋਵਿੰਸ਼ੀਅਲ ਸੇਧ ਦੀ ਉਡੀਕ ਕਰ ਰਹੇ ਹਨ।

# ਮਿਨੀਵੈਨ ਦੇ ਰੁੱਖ ਨਾਲ ਟਕਰਾਉਣ ਕਾਰਨ ਦੋ ਜ਼ਖ਼ਮੀ



ਟੋਰਾਂਟੋ, 2 ਫਰਵਰੀ (ਪੋਸਟ ਬਿਊਰੋ) : ਰਾਤ ਸਮੇਂ ਨੌਰਥ ਯੌਰਕ ਵਿੱਚ ਇੱਕ ਮਿਨੀਵੈਨ ਦੇ ਇੱਕ ਖੰਭੇ ਤੇ ਰੁੱਖ ਨਾਲ ਟਕਰਾ ਜਾਣ ਕਾਰਨ ਦੋ ਵਿਅਕਤੀ ਜ਼ਖ਼ਮੀ ਹੋ ਗਏ। ਉਨ੍ਹਾਂ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ।

ਇਹ ਹਾਦਸਾ ਡੌਨ ਵੈਲੀ ਪਾਰਕਵੇਅ ਦੇ ਪੂਰਬ ਵਿੱਚ ਯੌਰਕ ਮਿੱਲਜ਼ ਰੋਡ ਉੱਤੇ ਵਾਪਰਿਆ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਪਹਿਲਾਂ ਇਹ ਮਿਨੀਵੈਨ ਖੰਭੇ ਨਾਲ ਟਕਰਾਈ ਤੇ ਫਿਰ ਰੁੱਖ ਨਾਲ ਜਾ ਟਕਰਾਈ।ਰਾਤੀਂ 2:00 ਵਜੇ ਤੋਂ ਬਾਅਦ ਟੋਰਾਂਟੋ ਪੈਰਾਮੈਡਿਕਸ ਸਰਵਿਸਿਜ਼ ਘਟਨਾ ਵਾਲੀ ਥਾਂ ਉੱਤੇ ਪਹੁੰਚੀਆਂ ਤੇ ਦੋ ਵਿਅਕਤੀਆਂ ਨੂੰ ਟਰੌਮਾ ਸੈਂਟਰ ਲਿਜਾਇਆ ਗਿਆ।ਦੋਵਾਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਇਸ ਹਾਦਸੇ ਦਾ ਕਾਰਨ ਕੀ ਸੀ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਜਾਂਚ ਲਈ ਕੁੱਝ ਦੇਰ ਵਾਸਤੇ ਸੜਕਾਂ ਬੰਦ ਰੱਖੀਆਂ ਗਈ ਪਰ ਬਾਅਦ ਵਿੱਚ ਉਨ੍ਹਾਂ ਨੂੰ ਖੋਲ੍ਹ ਦਿੱਤਾ ਗਿਆ।

## ਅੱਜ ਨਾਮਾ

ਅਜਬ ਹੈ ਬਾਤ ਪੰਜਾਬ ਵਿੱਚ ਹੋਈ ਜਾਂਦੀ,
ਪੈਨਸ਼ਨ ਮੁਰਦਿਆਂ ਨੂੰ ਮਿਲੀ ਜਾਏ ਬੇਲੀ।
ਰਾਸ਼ਨ ਕਾਰਡ ਵੀ ਬਣੇ ਹਨ ਮੁਰਦਿਆਂ ਦੇ,
ਕਾਲਜਾ ਪੜ੍ਹਨ ਪਿੱਛੋਂ ਮੂੰਹ ਨੂੰ ਆਏ ਬੇਲੀ।
ਖੜੀ ਕੋਈ ਲਗਜ਼ਰੀ ਕਾਰ ਵੀ ਘਰ ਭਾਵੇਂ,
ਜਾਅਲੀ ਰਾਸ਼ਣ ਦੇ ਕਾਰਡ ਬਣਾਏ ਬੇਲੀ।
ਚੱਲਦੀ ਜਾਂਚ ਤਾਂ ਨੇਤਾ ਜੀ ਮਗਰ ਆਉਂਦੇ,
ਜਾਂਦੇ ਈ ਪੁੱਠੇ ਕਈ ਚੱਕਰ ਚਲਾਏ ਬੇਲੀ।
ਆਉਂਦੀ ਸ਼ਰਮ ਨਾ ਕਿਸੇ ਨੂੰ ਇੰਜ ਕਰਦੇ,
ਅੱਗਿਉਂ ਲੀਡਰਾਂ ਦੀ ਚਰਚਾ ਕਰਨ ਬੇਲੀ।
ਕਹਿੰਦੇ ਖਾ ਗਏ ਹਨ ਦੇਸ਼ ਨੂੰ ਲੁੱਟ ਆਗੂ,
ਲੱਗਾ ਸਾਡਾ ਵੀ ਇੱਦਾਂ ਨਹੀਂਸਰਨ ਬੇਲੀ।

**ਤੀਸ ਮਾਰ ਖਾਂ**

# ਫਰੋਜ਼ਨ ਮੀਲ ਤੇ ਪਿਜ਼ਾ ਸਮੇਤ ਆਪਣੇ ਚਾਰ ਪ੍ਰੋਡਕਟਸ ਕੈਨੇਡੀਅਨ ਮਾਰਕਿਟ ਤੋਂ ਬਾਹਰ ਕਰੇਗੀ ਨੈਸਲੇ

ਟੋਰਾਂਟੋ, 2 ਫਰਵਰੀ (ਪੋਸਟ ਬਿਊਰੋ) : ਨੈਸਲੇ ਕੈਨੇਡਾ ਵੱਲੋਂ ਫੈਸਲਾ ਕੀਤਾ ਗਿਆ ਹੈ ਕਿ ਅਗਲੇ ਛੇ ਮਹੀਨਿਆਂ ਵਿੱਚ ਉਹ ਕੈਨੇਡਾ ਤੋਂ ਪਿੱਜ਼ਾ ਤੇ ਫਰੋਜ਼ਨ ਮੀਲ ਵਾਪਿਸ ਮੰਗਵਾ ਲਵੇਗੀ। ਫੂਡ ਮਾਹਿਰਾਂ ਦਾ ਕਹਿਣਾ ਹੈ ਕਿ ਇਸ ਨਾਲ ਸੁਪਰਮਾਰਕਿਟ ਦੇ ਫਰੀਜਰਜ਼ ਨੈਸਲੇ ਦੇ ਵਧੀਆ ਪ੍ਰੋਡਕਟਸ ਤੋਂ ਸੱਖਣੇ ਹੋ ਜਾਣਗੇ। ਕੈਨੇਡੀਅਨ ਗਰੌਸਰੀ ਸਟੋਰਜ਼ ਵਿੱਚ




ਜਿਹੜੇ ਨੈਸਲੇ ਦੇ ਚਾਰ ਬ੍ਰੈਂਡ ਨਜ਼ਰ ਨਹੀਂ ਆਉਣਗੇ ਉਨ੍ਹਾਂ ਵਿੱਚ ਡੈਲੀਸ਼ਿਓ, ਸਟੋਫਰਜ਼, ਲੀਨ ਕੁਈਜ਼ੀਨ ਤੇ ਲਾਈਫ ਕੁਈਜ਼ੀਨ ਸ਼ਾਮਲ ਹਨ। ਨੈਸਲੇ ਨੇ ਆਖਿਆ ਕਿ ਉਹ ਇਨ੍ਹਾਂ ਪ੍ਰੋਡਕਟਸ ਨੂੰ ਸਟੋਰਜ਼ ਤੋਂ ਬਾਹਰ ਕਰਨ ਲਈ ਆਪਣੇ ਰੀਟੇਲ ਭਾਈਵਾਲਾਂ ਦੀ ਮਦਦ ਲਵੇਗੀ।

ਨੈਸਲੇ ਦਾ ਕਹਿਣਾ ਹੈ ਕਿ ਉਹ ਲੰਮਾਂ ਸਮਾਂ ਚੱਲਣ ਵਾਲੀ ਬਿਜ਼ਨਸ ਗ੍ਰੋਥ ਦਾ ਸਪੋਰਟ ਕਰਨ ਵਾਲੀਆਂ ਵੰਨਗੀਆਂ ਜਿਵੇਂ ਕਿ ਕਨਫੈਕਸ਼ਨਰੀ, ਕੌਫੀ, ਆਈਸ ਕ੍ਰੀਮ, ਪ੍ਰੀਮੀਅਮ ਵਾਟਰ ਤੇ ਪੈੱਟ ਫੂਡ ਉੱਤੇ ਆਪਣਾ ਧਿਆਨ ਕੇਂਦਰਿਤ ਕਰੇਗੀ। ਨੈਸਲੇ ਕੈਨੇਡਾ ਦੇ ਪ੍ਰੈਜ਼ੀਡੈਂਟ ਤੇ ਸੀਈਓ ਜੌਹਨ ਕਾਰਮਾਈਕਲ ਦਾ ਕਹਿਣਾ ਹੈ ਕਿ ਇਸ ਫੈਸਲੇ ਨਾਲ ਕੰਪਨੀ ਉਨ੍ਹਾਂ ਵੰਨਗੀਆਂ ਵਿੱਚ ਨਿਵੇਸ਼ ਕਰ ਸਕੇਗੀ ਜਿਨ੍ਹਾਂ ਨੂੰ ਉਹ ਤਰਜੀਹ ਦਿੰਦੀ ਹੈ। ਕੰਪਨੀ ਇਨ੍ਹਾਂ ਵਿੱਚੋਂ ਕੋਈ ਵੀ ਪ੍ਰੋਡਕਟ ਕੈਨਡਾ ਵਿੱਚ ਤਿਆਰ ਨਹੀਂ ਕਰਵਾਉਂਦੀ, ਇਸ ਲਈ ਇਸ ਨਾਲ ਕੈਨੇਡਾ ਵਿੱਚ ਕਿਸੇ ਮੈਨੂਫੈਕਚਰਿੰਗ ਫੈਸਿਲਿਟੀ ਉੱਤੇ ਇਸ ਦਾ ਅਸਰ ਨਹੀਂ ਪਵੇਗਾ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

SherGill Law Firm
Barrister, Solicitor & Notary Public
Paramjit Singh Gill (MBA,LL.B.)
Tel: 905-790-3636
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
Member ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

# ਮੁੱਖ ਮੰਤਰੀ ਨੇ ਪੰਜਾਬ ਵਾਸੀਆਂ ਨੂੰ ਦਿੱਤੀ ਇਕ ਹੋਰ ਗਾਰੰਟੀ ਪੂਰੀ ਕੀਤੀ

## 4 ਫਰਵਰੀ ਨੂੰ ਸਿੰਗਾਪੁਰ ਟ੍ਰੇਨਿੰਗ ਲਈ ਜਾਵੇਗਾ ਪ੍ਰਿੰਸੀਪਲਾਂ ਦਾ ਪਹਿਲਾ ਬੈਚ



ਚੰਡੀਗੜ੍ਹ, 2 ਫਰਵਰੀ (ਗਿਆਨ ਸਿੰਘ): ਪੰਜਾਬ ਦੇ ਲੋਕਾਂ ਨੂੰ ਦਿੱਤੀ ਇਕ ਹੋਰ ਗਾਰੰਟੀ ਪੂਰੀ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਐਲਾਨ ਕੀਤਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਦੇ 36 ਪ੍ਰਿੰਸੀਪਲਾਂ ਦਾ ਪਹਿਲਾ ਬੈਚ ਆਪਣੇ ਪੇਸ਼ੇਵਰ ਹੁਨਰ ਨੂੰ ਹੋਰ ਨਿਖਾਰਨ ਲਈ ਸਿੰਗਾਪੁਰ ਜਾਵੇਗਾ।

ਲੋਕਾਂ ਨਾਲ ਆਨਲਾਈਨ ਵਿਧੀ ਜ਼ਰੀਏ ਰਾਬਤਾ ਕਾਇਮ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਵਾਸੀਆਂ ਨੂੰ ਗਾਰੰਟੀ ਦਿੱਤੀ ਗਈ ਸੀ ਕਿ ਸੂਬੇ ਵਿਚ ਸਿੱਖਿਆ ਖੇਤਰ ਦੀ ਮੁਕੰਮਲ ਤੌਰ ਉਤੇ ਕਾਇਆ ਕਲਪ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਧਿਆਪਕ ਰਾਸ਼ਟਰ ਨਿਰਮਾਤਾ ਹਨ ਜੋ ਸਿੱਖਿਆ ਦਾ ਪੱਧਰ ਉੱਚਾ ਚੁੱਕ ਸਕਦੇ ਹਨ ਜਿਸ ਕਰਕੇ ਇਹ ਗਾਰੰਟੀ ਦਿੱਤੀ ਗਈ ਸੀ ਕਿ ਅਧਿਆਪਕਾਂ ਨੂੰ ਵਿਦੇਸ਼ਾਂ ਵਿਚ ਉਚ ਪੱਧਰ ਦੀ ਟ੍ਰੇਨਿੰਗ ਦੇ ਕੇ ਉਨ੍ਹਾਂ ਦੇ ਅਧਿਆਪਨ ਹੁਨਰ ਨੂੰ ਹੋਰ ਨਿਖਾਰਿਆ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸੇ ਗਾਰੰਟੀ ਦੇ ਆਧਾਰ ਉਤੇ ਸਰਕਾਰੀ ਸਕੂਲਾਂ ਦੇ 36 ਪ੍ਰਿੰਸੀਪਲਾਂ ਦਾ ਪਹਿਲਾ ਬੈਚ ਪੇਸ਼ੇਵਰ ਟ੍ਰੇਨਿੰਗ ਲਈ 4 ਫਰਵਰੀ ਨੂੰ ਸਿੰਗਾਪੁਰ ਰਵਾਨਾ ਹੋ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਿੰਸੀਪਲ 6 ਫਰਵਰੀ ਤੋਂ 10 ਫਰਵਰੀ ਤੱਕ ਹੋ ਰਹੇ 'ਪ੍ਰੋਫੈਸ਼ਨਲ ਟੀਚਰ ਟ੍ਰੇਨਿੰਗ ਸੈਮੀਨਾਰ' ਵਿਚ ਸ਼ਿਰਕਤ ਕਰਨਗੇ। ਉਨ੍ਹਾਂ ਕਿਹਾ ਕਿ ਇਹ ਬੈਚ ਸੈਮੀਨਾਰ ਵਿਚ ਹਿੱਸਾ ਲੈਣ ਤੋਂ ਬਾਅਦ 11 ਫਰਵਰੀ ਨੂੰ ਵਾਪਸ ਪਰਤੇਗਾ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਇਸ ਇਨਕਲਾਬੀ ਕਦਮ ਨਾਲ ਸੂਬੇ ਦੇ ਲੱਖਾਂ ਵਿਦਿਆਰਥੀਆਂ ਨੂੰ ਫਾਇਦਾ ਹੋਵੇਗਾ ਕਿਉਂ ਜੋ ਸਿੰਗਾਪੁਰ ਤੋਂ ਹੋਰ ਮੁਹਾਰਤ ਹਾਸਲ ਕਰਨ ਨਾਲ ਸੂਬੇ ਵਿਚ ਸਿੱਖਿਆ ਦਾ ਮਿਆਰ ਹੋਰ ਸੁਧਰੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸਿੰਗਾਪੁਰ ਤੋਂ ਵਾਪਸ ਆਉਣ ਮਗਰੋਂ ਇਹ ਪ੍ਰਿੰਸੀਪਲ ਆਪਣੇ ਅਧਿਆਪਕ ਸਾਥੀਆਂ ਅਤੇ ਵਿਦਿਆਰਥੀਆਂ ਨਾਲ ਤਜਰਬੇ ਸਾਂਝੇ ਕਰਨਗੇ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਅਧਿਆਪਕ ਦੀ ਮੁਹਾਰਤ ਅਤੇ ਪੇਸ਼ੇਵਰ ਯੋਗਤਾ ਵਧਾਉਣ ਵਿਚ ਸਹਾਈ ਹੋਵੇਗਾ ਤਾਂ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਮੁਹੱਈਆ ਕਰਵਾਈ ਜਾ ਸਕੇ। ਭਗਵੰਤ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਯਕੀਨਨ ਤੌਰ ਉਤੇ ਇਹ ਕਦਮ ਸੂਬੇ ਦੀ ਸਿੱਖਿਆ ਵਿਵਸਥਾ ਨੂੰ ਸੁਧਾਰਨ ਲਈ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਉਪਰਾਲੇ ਸਿੱਖਿਆ ਦੇ ਖੇਤਰ ਵਿਚ ਪੰਜਾਬ ਨੂੰ ਮੋਹਰੀ ਸੂਬਾ ਬਣਾਉਣ ਵਿਚ ਸਹਾਈ ਸਿੱਧ ਹੋਣਗੇ।

# ਜਗਰਾਉਂ ਵਿਖੇ ਮਲਟੀਪਰਪਜ਼ ਹਾਲ ਦਾ ਉਦਘਾਟਨ







ਜਗਰਾਉਂ 1 ਫਰਵਰੀ (ਗਿਆਨ ਸਿੰਘ) ਜਗਰਾਉਂ ਦੇ ਵਿਸ਼ਕਰਮਾ ਮੰਦਰ ਅੱਡਾ ਰਾਏਕੋਟ ਵਿਖੇ ਹੋਏ ਇਕ ਵਿਸ਼ੇਸ਼ ਸਮਾਗਮ ਸਮੇਂ ਨਵੇਂ ਬਣੇ ਮਲਟੀਪਰਪਜ ਹਾਲ ਕਮਰੇ ਦਾ ਉਦਘਾਟਨ ਕੈਨੇਡਾ ਨਿਵਾਸੀ ਉਘੇ ਕਾਰੋਬਾਰੀ ਅਤੇ ਸਮਾਜ ਸੇਵਕ ਸ ਸੁਰਜੀਤ ਸਿੰਘ ਖੁਰਲ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ ਵਿਸ਼ਵਮੰਦਰ ਕਮੇਟੀ ਦੇ ਅਹੁੱਦੇਦਾਰ, ਸਥਾਨਕ ਰਾਮਗੜ੍ਹੀਆ ਭਾਈਚਾਰੇ ਦੇ ਆਗੂ ਅਤੇ ਉਨ੍ਹਾਂ ਦੇ ਰਿਸ਼ਤੇਦਾਰ, ਵੱਖ ਵੱਖ ਮੀਡੀਆ ਕਰਮੀ ਹਾਜ਼ਰ ਸਨ। ਸ ਸੁਰਜੀਤ ਸਿੰਘ ਖੁਰਲ ਨੇ ਇਹ ਸੁੰਦਰ ਹਾਲ ਆਪਣੇ ਸਵਰਗਵਾਸੀ ਪਿਤਾ ਗਿਆਨੀ ਅਜੈਬ ਸਿੰਘ ਖੁਰਲ ਅਤੇ ਦਾਦਾ ਜੀ ਸਵਰਗਵਾਸੀ ਸ ਨੱਥਾ ਸਿੰਘ ਖੁਰਲ ਦੀ ਯਾਦ ਵਿਚ ਬਣਵ-ਾਇਆ ਹੈ। ਇਸ ਹਾਲ ਨੂੰ ਅਜੈਬਘਰ, ਲਾਇਬਰੇਰੀ ਅਤੇ ਹੋਰ ਕੰਮਾਂ ਲਈ ਵਰਤਿਆ ਜਾ ਸਕੇਗਾ। ਸ ਸੁਰਜੀਤ ਸਿੰਘ ਖੁਰਲ ਕੈਨੇਡਾ ਤੋਂ ਸ਼ਹੀਦ ਸਿੰਘਾਂ ਦੀ ਯਾਦ ਵਿਚ ਹੋ ਰਹੇ ਇਕ ਧਾਰਮਿਕ ਸਮਾਗਮ ਸਮੇਂ ਪ੍ਰਵਾਰ ਸਮੇਤ ਜਗਰਾਉਂ ਪੁੱਜੇ ਹੋਏ ਸਨ। ਉਨ੍ਹਾਂ ਕਿਹਾ ਕਿ ਪਰਉਪਕਾਰ ਦੇ ਇਹ ਕਾਰਜ ਪ੍ਰਮਾਤਮਾ ਦੀ ਕ੍ਰਿਪਾ ਨਾਲ ਹੋ ਰਹੇ ਹਨ। ਇਹ ਸਭ ਕਾਰਜ ਉਸ ਪ੍ਰਮਾਤਮਾ ਦੀ ਰਜ਼ਾ ਵਿਚ ਹੋ ਰਹੇ ਹਨ। ਇਸੇ ਗੁਰਦ-ਵਾਰਾ ਕੰਪਲੈਕਸ ਵਿਚ ਹੀ ਇਸ ਤੋਂ ਪਹਿਲਾਂ ਉਨ੍ਹਾਂ ਨੇ ਸੰਗਤਾਂ ਦੇ ਠਹਿਰਨ ਲਈ ਚਾਰ ਕਮਰਿਆਂ ਦਾ ਇਕ ਆਧੁਨਿਕ ਰਿਹਾਇਸ਼ੀ ਸੈੱਟ ਤਿਆਰ ਕਰਵਾਇਆ ਹੈ। ਰਾਮਗੜ੍ਹੀਆ ਦਰਪਣ ਸਪਤਾਹਿਕ ਪੱਤਰ ਦੇ ਸੰਪਾਦਕ ਸ ਭੁਪਿੰਦਰ ਸਿੰਘ ਉਭੀ ਨੇ ਦੱਸਿਆ ਕਿਹਾ ਕਿ ਸ ਖੁਰਲ ਇਕ ਵਿਅਕਤੀ ਨਹੀਂ, ਸਗੋਂ ਇਕ ਸੰਸਥਾ ਵਜੋਂ ਕੰਮ ਕਰ ਰਹੇ ਹਨ। ਉਨ੍ਹਾਂ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੀ 300 ਸਾਲਾ ਜਨਮ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਉਨ੍ਹਾਂ ਦੀ ਰਾਜਧਾਨੀ ਸ੍ਰੀ ਹਰਗੋਬਿੰਦਪੁਰ ਵਿਚ ਖੰਡਰ ਹੋਏ ਸ਼ਾਹੀ ਮਹੱਲ ਦੀ ਪੁਨਰ ਉਸਾਰੀ ਦਾ ਕੰਮ ਸ਼ੁਰੂ ਕਰਵਾਇਆ ਹੈ। ਹੋਰ ਵੀ ਕਈ ਧਾਰਮਿਕ ਅਤੇ ਸਮਾਜਕ ਕੰਮਾਂ ਵਿਚ ਸੁਰਜੀਤ ਸਿੰਘ ਖੁਰਲ ਲੱਗੇ ਹੀ ਰਹਿੰਦੇ ਹਨ। ਸ ਗਿਆਨ ਸਿੰਘ ਸਾਬਕਾ ਡੀਪੀਆਰਓ ਨੇ ਕਿਹਾ ਕਿ ਸਮਾਜ ਸੇਵਾ ਦੀ ਲਗਨ ਉਨ੍ਹਾਂ ਨੂੰ ਵਿਰਸੇ ਵਿਚ ਹੀ ਮਿਲੀ ਹੈ। ਉਘੇ ਸਮਾਜ ਸੇਵਕ ਸ ਸੋਹਣ ਸਿੰਘ ਗੋਗਾ ਲੁਧਿਆਣਾ ਨੇ ਕਿਹਾ ਕਿ ਸਮਾਜ ਨੂੰ ਅਜਿਹੇ ਪਰਉਪਕਾਰੀ ਸੱਜਣਾ ਦੀ ਲੋੜ ਹੈ ਜਿਹੜੇ ਨਿਰਸੁਆਰਥ ਭਾਵਨਾ ਨਾਲ ਸਮਾਜ ਦੀ ਸੇਵਾ ਕਰਦੇ ਹਨ। ਸ ਹਰਜਿੰਦਰ ਸਿੰਘ ਸਕੱਤਰ ਵਿਸ਼ਵਕਰਮਾ ਮੰਦਰ ਕਮੇਟੀ ਨੇ ਸਵਾਗਤ ਕਰਦਿਆਂ ਕਿਹਾ ਕਿ ਸਾਂਝੇ ਕੰਮ ਕਰਨੇ ਔਖੇ ਹੁੰਦੇ ਹਨ, ਵਿਰਲੀਆਂ ਰੂਹਾਂ ਤੇ ਹੀ ਪ੍ਰਮਾਤਮਾ ਕਿਰਪਾ ਕਰਦਾ ਹੈ ਜਿਹਨਾਂ ਨੂੰ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੁੰਦਾ ਹੈ। ਸ ਲਖਵੀਰ ਸਿੰਘ ਗੈਦੂ (ਪ੍ਰਿੰਸ) ਮੋਗਾ ਨੇ ਸੰਬੋਧਨ ਕਰਦਿਆ ਕਿਹਾ ਕਿ ਜਿਹੜੇ ਪ੍ਰਵਾਸੀ ਆਪਣੀ ਮਾਤਭੂਮੀ ਨਾਲ ਜੁੜੇ ਹਨ ਉਹ ਹੀ ਵਿਕਾਸ ਦੇ ਕੰਮਾਂ ਵਿਚ ਆਪਣਾ ਯੋਗਦਾਨ ਪਾਉਂਦੇ ਹਨ। ਇਸ ਮੌਕੇ ਵੱਖ ਵੱਖ ਸੰਸਥਾਵਾਂ ਵਲੋਂ ਸ ਸੁਰਜੀਤ ਸਿੰਘ ਖੁਰਲ, ਸ ਭੁਪਿੰਦਰ ਸਿੰਘ ਉਭੀ ਤੇ ਉਘੀਆਂ ਸਕਸੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸ ਸ਼ਮਸ਼ੇਰ ਸਿੰਘ, ਸ. ਦਰਸ਼ਨ ਸਿੰਘ ਉਭੀ, ਸ. ਪ੍ਰਿਤਪਾਲ ਸਿੰਘ ਮਨਕੂ, ਸ. ਹਾਕਮ ਸਿੰਘ ਸੀਹਰਾ ਸਮੇਤ ਕਈ ਸ਼ਖਸ਼ੀਅਤਾਂ ਹਾਜ਼ਰ ਸਨ। ਵਿਸ਼ਵਕਰਮਾ ਮੰਦਰ ਵਿਖੇ ਬੀਬੀਆਂ ਦੇ ਜੱਥੇ ਵਲੋ ਸ਼ਬਦ ਕੀਰਤਨ ਕੀਤਾ ਗਿਆ।

# ਮਾਇਆਵਤੀ ਅਤੇ ਸ਼੍ਰੋਮਣੀ ਅਕਾਲੀ ਦਲ ਲੀਡਰਸ਼ਿਪ ਦੀ ਮੀਟਿੰਗ ਵਿੱਚ ਸਹਿਮਤੀ

## ਗਠਜੋੜ ਲੋਕ ਸਭਾ ਵਿੱਚ ਚੰਗੇ ਨਤੀਜੇ ਲਿਆ ਕੇ ਦੇਸ਼ ਦੀ ਰਾਜਨੀਤੀ ਵਿੱਚ ਬਿਹਤਰ ਤਬਦੀਲੀ ਸੰਭਵ





ਚੰਡੀਗੜ੍ਹ, 2 ਫਰਵਰੀ (ਪੋਸਟ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਸ਼੍ਰੋਮਣੀ ਅਕਾਲੀ ਦਲ) ਦੇ ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਅਤੇ ਉਨ੍ਹਾਂ ਦੀ ਧਰਮ ਪਤਨੀ, ਸੰਸਦ ਮੈਂਬਰ ਅਤੇ ਸਾਬਕਾ ਕੇਂਦਰੀ ਮੰਤਰੀ ਹਰਸਿਮਰਤ ਕੌਰ ਬਾਦਲ, ਬਹੁਜਨ ਸਮਾਜ ਪਾਰਟੀ (ਸ. ਬੀ.ਐੱਸ.ਪੀ.)।) ਦੇ ਰਾਸ਼ਟਰੀ ਪ੍ਰਧਾਨ, ਯੂ.ਪੀ. ਦੀ ਸਾਬਕਾ ਮੁੱਖ ਮੰਤਰੀ ਅਤੇ ਸਾਬਕਾ ਸੰਸਦ ਮੈਂਬਰ ਸੁਸ਼੍ਰੀ ਮਾਇਆਵਤੀ ਜੀ ਨਾਲ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਦੁਪਹਿਰ ਦੇ ਖਾਣੇ 'ਤੇ, ਵਿਸ਼ੇਸ਼ ਤੌਰ 'ਤੇ ਅਗਲੀਆਂ ਲੋਕ ਸਭਾ ਆਮ ਚੋਣਾਂ ਵਿੱਚ ਪੁਰਾਣੇ ਆਪਸੀ ਗਠਜੋੜ ਨੂੰ ਮਜ਼ਬੂਤ ਕਰਨ ਅਤੇ ਬਿਹਤਰ ਸਦਭਾਵਨਾ ਅਤੇ ਸਦਭਾਵਨਾ ਬਣਾਈ ਰੱਖਣ ਦੇ ਸਬੰਧ ਵਿੱਚ। ਆਦਿ ਦੀ ਹੋਰ ਰਣਨੀਤੀ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।

ਦੋਵਾਂ ਪਾਰਟੀਆਂ ਦੀ ਸਿਖਰਲੀ ਲੀਡਰਸ਼ਿਪ ਵਿਚ ਸ਼ੁਰੂ ਤੋਂ ਹੀ ਇਸ ਗੱਲ 'ਤੇ ਸਹਿਮਤੀ ਬਣੀ ਹੋਈ ਸੀ ਕਿ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ ਵਾਂਗ ਹੀ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਵੀ ਦੋਵਾਂ ਪਾਰਟੀਆਂ ਵਿਚ ਪੂਰਨ ਏਕਤਾ, ਇਕਜੁੱਟਤਾ ਅਤੇ ਤਾਲਮੇਲ ਹਰ ਸਮੇਂ ਕਾਇਮ ਰੱਖਿਆ ਜਾਵੇ। ਲੋਕ ਸਭਾ। ਵਿਰੋਧੀਆਂ ਦੀਆਂ ਲੱਖਾਂ ਸਾਜ਼ਿਸ਼ਾਂ ਦੇ ਬਾਵਜੂਦ ਅਕਾਲੀ ਦਲ-ਬੀ.ਐਸ.ਪੀ. ਹਰ ਪਿੰਡ ਵਿਚ ਗਠਜੋੜ ਨੂੰ ਮਜਬੂਤ ਬਣਾ ਕੇ ਵਾਅਦਿਆਂ ਤੋਂ ਟੁੱਟਣ ਦੀ ਬਜਾਏ ਪੂਰਨ ਤੌਰ 'ਤੇ ਪੂਰੇ ਕਰਕੇ ਪੰਜਾਬ ਦਾ ਚਹੇਤਾ ਗਠਜੋੜ ਬਣਨ ਲਈ ਯਤਨ ਜਾਰੀ ਰੱਖਣੇ ਪੈਣਗੇ, ਤਾਂ ਜੋ ਲੋਕਾਂ ਨੂੰ 'ਆਪ', ਕਾਂਗਰਸ ਅਤੇ ਭਾਜਪਾ ਦੇ ਚੁੰਗਲ 'ਚੋਂ ਆਜ਼ਾਦ ਕਰਵਾਇਆ ਜਾ ਸਕੇ।

ਮਾਇਆਵਤੀ ਨੇ ਇਸ ਮੌਕੇ ਕਿਹਾ ਕਿ ਬੀ.ਐਸ.ਪੀ. ਨੂੰ ਅਕਾਲੀ ਦਲ ਦੇ ਆਗੂਆਂ 'ਤੇ ਪੂਰਾ ਭਰੋਸਾ ਹੈ ਕਿ ਉਹ ਵੀ ਬੀ.ਐੱਸ.ਪੀ. ਬਾਕੀਆਂ ਵਾਂਗ ਅਸੀਂ ਵੀ ਆਪਣੀ ਵੋਟ ਆਪਣੀ ਪਾਰਟੀ ਨੂੰ ਟਰਾਂਸਫਰ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਾਂਗੇ ਤਾਂ ਜੋ ਗਠਜੋੜ ਸੱਚਮੁੱਚ ਲਾਹੇਵੰਦ ਹੋਵੇ ਅਤੇ ਇਸ ਦੇ ਵੱਧ ਤੋਂ ਵੱਧ ਉਮੀਦਵਾਰ ਚੋਣ ਜਿੱਤਣ ਦਾ ਚੰਗਾ ਸੁਨੇਹਾ ਦੇ ਸਕਣ।

ਮਾਇਆਵਤੀ ਨੇ ਅਕਾਲੀ ਆਗੂਆਂ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਪਾਰਟੀ ਵੱਲੋਂ ਉਨ੍ਹਾਂ ਦੇ ਜਨਮ ਦਿਨ 'ਤੇ 15 ਜਨਵਰੀ ਨੂੰ ਮਨਾਏ ਜਾਣ ਵਾਲੇ 'ਲੋਕ ਭਲਾਈ ਦਿਵਸ' ਦਾ ਕਾਰਨ ਹੈ ਕਿ ਹੁਣ ਤੋਂ ਹੀ ਯੂ.ਪੀ 'ਚ ਗਠਜੋੜ ਨੂੰ ਲੈ ਕੇ ਲੋਕ ਹਿੱਤਾਂ ਲਈ ਭੰਬਲਭੂਸਾ ਫੈਲਾਉਣ ਦੀ ਸਾਜ਼ਿਸ਼ ਸ਼ੁਰੂ ਹੋ ਗਈ ਹੈ। ਸਭਾ ਦੀਆਂ ਆਮ ਚੋਣਾਂ।ਕਾਨਫ਼ਰੰਸ ਵਿੱਚ ਹੀ ਉਨ੍ਹਾਂ ਸਪੱਸ਼ਟ ਕੀਤਾ ਕਿ ਬੀ.ਐਸ.ਪੀ. ਪੰਜਾਬ ਨੂੰ ਛੱਡ ਕੇ ਯੂਪੀ ਆਦਿ ਵਿੱਚ ਸੂਬਾ ਪੱਧਰ 'ਤੇ ਹੁਣ ਤੱਕ ਜਿੰਨੇ ਵੀ ਚੋਣ ਗਠਜੋੜ ਹੋਏ ਹਨ, ਉਨ੍ਹਾਂ ਵਿੱਚੋਂ ਬਸਪਾ, ਕਿਉਂਕਿ ਉਨ੍ਹਾਂ ਦੀ ਵੋਟ ਸਾਡੀ ਪਾਰਟੀ ਵਾਂਗ ਸਾਡੇ ਤੱਕ ਪਹੁੰਚਾਉਣ ਯੋਗ ਨਹੀਂ ਹੈ। ਘਾਟਾ ਹੀ ਵਧਿਆ ਹੈ।

ਸੋ ਇਸ ਮਾਮਲੇ ਵਿੱਚ ਪੰਜਾਬ ਨੂੰ ਛੱਡ ਕੇ ਹੁਣ ਤੱਕ ਦੇ ਜ਼ਿਆਦਾਤਰ ਮਾੜੇ ਤਜ਼ਰਬਿਆਂ ਨੂੰ ਧਿਆਨ ਵਿੱਚ ਰੱਖਦਿਆਂ ਬੀ.ਐਸ.ਪੀ. ਹੋਰ ਤਾਂ ਹੋਰ, ਅਕਾਲੀ ਆਗੂਆਂ ਨੇ ਵਿਧਾਨ ਸਭਾ ਅਤੇ ਲੋਕ ਸਭਾ ਦੀਆਂ ਆਮ ਚੋਣਾਂ ਇਕੱਲਿਆਂ ਆਪਣੇ ਬਲਬੂਤੇ 'ਤੇ ਲੜਨ ਦਾ ਫੈਸਲਾ ਲਿਆ ਹੈ, ਜਿਸ ਦੀ ਅਕਾਲੀ ਆਗੂਆਂ ਅਤੇ ਬੀ.ਐੱਸ.ਪੀ. ਉਨ੍ਹਾਂ 'ਤੇ ਪਾਏ ਗਏ ਭਰੋਸੇ 'ਤੇ ਖਰਾ ਉਤਰਨ ਲਈ ਜ਼ਮੀਨੀ ਪੱਧਰ 'ਤੇ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।

ਇਸ ਮੀਟਿੰਗ ਵਿੱਚ ਪੰਜਾਬ ਵਿੱਚ 'ਆਪ' ਸਰਕਾਰ ਦੀਆਂ ਗਤੀਵਿਧੀਆਂ ਦੀ ਸਮੀਖਿਆ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਪੰਜਾਬ ਦੇ ਲੋਕ ਪਿਛਲੀ ਕਾਂਗਰਸ ਸਰਕਾਰ ਵਾਂਗ ਫਿਰ ਤੋਂ ਦੁਖੀ ਹਨ ਕਿਉਂਕਿ ਆਮ ਲੋਕ ਹਿੱਤਾਂ ਦੇ ਲੋਕਾਂ ਨਾਲ ਕੀਤੇ ਵਿਸ਼ੇਸ਼ ਚੋਣ ਵਾਅਦੇ ਨੂੰ ਪੂਰਾ ਨਹੀਂ ਕੀਤਾ ਗਿਆ ਪਰ ਇਸ ਨੂੰ ਸਹੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ, ਜੋ ਉਨ੍ਹਾਂ ਨਾਲ ਦੁਬਾਰਾ ਵਾਅਦੇ ਤੋੜਨਾ ਚੰਗੀ ਗੱਲ ਨਹੀਂ ਹੈ। ਪੰਜਾਬ ਨੂੰ ਨਸ਼ਿਆਂ ਦੇ ਸਰਾਪ ਤੋਂ ਮੁਕਤ ਕਰਨ ਅਤੇ ਇਸ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਖਤਮ ਕਰਨ ਦੀ ਗੱਲ ਹੋਵੇ, ਅਮਨ-ਕਾਨੂੰਨ ਨੂੰ ਸੁਧਾਰਨ ਦੀ ਗੱਲ ਹੋਵੇ ਜਾਂ ਗਰੀਬਾਂ, ਮਜ਼ਦੂਰਾਂ ਅਤੇ ਕਿਸਾਨਾਂ ਦੀ ਭਲਾਈ ਅਤੇ ਉੱਨਤੀ ਆਦਿ ਦੀ ਗੱਲ ਹੋਵੇ, ਜ਼ਮੀਨੀ ਪੱਧਰ 'ਤੇ ਵਾਅਦੇ ਕੀਤੇ ਜਾ ਰਹੇ ਹਨ। ਪੰਜਾਬ ਦੇ ਲੋਕਾਂ ਨੇ ਕਾਂਗਰਸ ਪਾਰਟੀ ਤੋਂ ਖਹਿੜਾ ਛੁਡਾਉਣ ਲਈ ਨਵਾਂ ਤਜਰਬਾ ਕੀਤਾ ਪਰ ਫਿਰ ਵੀ ਨਿਰਾਸ਼ਾ ਦਾ ਸਾਹਮਣਾ ਕਰ ਕੇ ਉਨ੍ਹਾਂ ਨੇ ਮੁੜ ਅਕਾਲੀ ਦਲ-ਬਸਪਾ 'ਤੇ ਭਰੋਸਾ ਕਰ ਲਿਆ। ਗੱਠਜੋੜ ਵਿਚ ਵਾਪਸੀ ਕੀਤੀ, ਜਿਸ ਲਈ ਗਠਜੋੜ ਨੂੰ ਆਪਸ ਵਿਚ ਪੂਰੀ ਇਕਸੁਰਤਾ ਅਤੇ ਤਾਲਮੇਲ ਨਾਲ ਸਖ਼ਤ ਮਿਹਨਤ ਕਰਨ ਦੀ ਲੋੜ ਹੈ, ਤਾਂ ਜੋ ਲੋਕ ਸਭਾ ਵਿਚ ਚੰਗੇ ਨਤੀਜੇ ਸਾਹਮਣੇ ਆਉਣ ਅਤੇ ਉਸ ਰਾਹੀਂ ਦੇਸ਼ ਦੀ ਰਾਜਨੀਤੀ ਵਿਚ ਬਿਹਤਰ ਤਬਦੀਲੀ ਸੰਭਵ ਹੋ ਸਕੇ।

ਅੱਜ ਦੀ ਵਿਸ਼ੇਸ਼ ਮੁਲਾਕਾਤ ਵਿਚ ਮਾਇਆਵਤੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਅਤੇ ਪੰਜਾਬ ਦੇ ਕਈ ਵਾਰ ਮੁੱਖ ਮੰਤਰੀ ਰਹਿ ਚੁੱਕੇ ਪ੍ਰਕਾਸ਼ ਸਿੰਘ ਬਾਦਲ ਜੋ ਕਿ ਬਿਮਾਰ ਚੱਲ ਰਹੇ ਹਨ, ਦੀ ਤੰਦਰੁਸਤੀ, ਕੁਦਰਤ ਵੱਲੋਂ ਚੰਗੀ ਸਿਹਤ ਨਾਲ ਲੰਬੀ ਉਮਰ ਦੀ ਕਾਮਨਾ ਕੀਤੀ ਅਤੇ ਦੋਵਾਂ ਪਾਰਟੀਆਂ ਦੇ ਗਠਜੋੜ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਦੇ ਸੁਹਿਰਦ ਯਤਨਾਂ ਅਤੇ ਪੰਜਾਬ ਰਾਜ ਦੀ ਉਸਾਰੀ ਅਤੇ ਮਜ਼ਬੂਤੀ ਵਿੱਚ ਅਹਿਮ ਯੋਗਦਾਨ ਨੂੰ ਮੁੱਖ ਰੱਖਦਿਆਂ ਕਿਹਾ ਕਿ ਪੰਜਾਬ ਰਾਜ ਦੇ ਲੋਕਾਂ ਦੇ ਵਡੇਰੇ ਹਿੱਤਾਂ, ਭਲਾਈ ਅਤੇ ਬਿਹਤਰ ਭਵਿੱਖ ਲਈ ਦੋਵਾਂ ਪਾਰਟੀਆਂ ਦੇ ਗਠਜੋੜ ਲਈ ਉਨ੍ਹਾਂ ਦਾ ਪਿਆਰ ਅਤੇ ਆਸ਼ੀਰਵਾਦ ਪਹਿਲਾਂ ਵਾਂਗ ਹੀ ਅੱਜ ਵੀ ਮਜ਼ਬੂਤ ਹੈ।



# ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ 'ਤੇ ਚਲਦੇ ਹੋਏ ਕਮਜ਼ੋਰ ਅਤੇ ਪੱਛੜੇ ਵਰਗਾਂ ਦੀਆਂ ਦੁੱਖ-ਤਕਲੀਫਾਂ ਦੂਰ ਕਰਨ ਲਈ ਸੁਹਿਰਦਤਾ ਨਾਲ ਕੰਮ ਕਰਨ ਦਾ ਪ੍ਰਣ

## ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਬਨਾਰਸ ਜਾਣ ਵਾਲੇ ਸ਼ਰਧਾਲੂਆਂ ਲਈ ਰੇਲ ਗੱਡੀ ਨੂੰ ਹਰੀ ਝੰਡੀ ਦਿਖਾਈ



ਜਲੰਧਰ, 2 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਉਤੇ ਚਲਦੇ ਹੋਏ ਸਮਾਜ ਦੇ ਕਮਜ਼ੋਰ ਤੇ ਪੱਛੜੇ ਵਰਗਾਂ ਦੀਆਂ ਮੁਸ਼ਕਲਾਂ ਦੂਰ ਕਰਨ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨ ਦਾ ਅਹਿਦ ਲਿਆ। ਅੱਜ ਸ਼ਹਿਰ ਦੇ ਰੇਲਵੇ ਸਟੇਸ਼ਨ ਤੋਂ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਬਨਾਰਸ ਜਾ ਰਹੇ ਸ਼ਰਧਾਲੂਆਂ ਦੀ ਰੇਲ ਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨ ਤੋਂ ਪਹਿਲਾਂ ਮੁੱਖ ਮੰਤਰੀ ਨੇ ਡੇਰਾ ਬੱਲਾਂ ਦੇ ਮੁਖੀ ਸੰਤ ਬਾਬਾ ਨਿਰੰਜਨ ਦਾਸ ਜੀ ਤੋਂ ਆਸ਼ੀਰਵਾਦ ਲਿਆ ਅਤੇ ਇਸ ਉਪਰੰਤ ਉਨ੍ਹਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦਾ ਇਹ ਫਰਜ਼ ਬਣਦਾ ਹੈ ਕਿ ਉਹ ਗਰੀਬ ਤੋਂ ਗਰੀਬ ਦੀ ਭਲਾਈ ਨੂੰ ਯਕੀਨੀ ਬਣਾਵੇ। ਭਗਵੰਤ ਮਾਨ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਆਸ਼ੀਰਵਾਦ ਨਾਲ ਉਨ੍ਹਾਂ ਦੀ ਸਰਕਾਰ ਵੱਡੇ ਬਹੁਮਤ ਨਾਲ ਸੱਤਾ ਵਿਚ ਆਈ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਕਮਜ਼ੋਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਸਮਾਨਤਾਵਾਦੀ ਕਦਰਾਂ-ਕੀਮਤਾਂ ਉਤੇ ਅਧਾਰਿਤ ਸਮਾਜ ਦੀ ਸਿਰਜਣਾ ਲਈ ਸ੍ਰੀ ਗੁਰੂ ਰਵਿਦਾਸ ਜੀ ਨੇ ਸਮੁੱਚੀ ਮਾਨਵਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਅਜਿਹੇ ਆਦਰਸ਼ ਸਮਾਜ ਦਾ ਸੰਕਲਪ ਦਿੱਤਾ ਜਿੱਥੇ ਕਿਸੇ ਨੂੰ ਵੀ ਕਿਸੇ ਕਿਸਮ ਦਾ ਦੁੱਖ ਨਹੀਂ ਝੱਲਣਾ ਪੈਂਦਾ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਫਲਸਫੇ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦਾ ਜੀਵਨ ਅਤੇ ਮਹਾਨ ਸਿੱਖਿਆਵਾਂ ਮਨੁੱਖਤਾ ਨੂੰ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਪ੍ਰਤੀ ਸੇਧ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਨ ਅਧਿਆਤਮਕ ਦੂਤ ਅਤੇ ਸਮਾਜ ਦੇ ਗਰੀਬ ਤੇ ਬੇਸਹਾਰਾ ਵਰਗਾਂ ਦੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਨੇਕ ਅਤੇ ਉੱਤਮ ਜੀਵਨ ਜਿਉਣ ਦਾ ਉਪਦੇਸ਼ ਦਿੱਤਾ। ਭਗਵੰਤ ਮਾਨ ਨੇ ਕਿਹਾ ਕਿ ਇਹ 'ਪ੍ਰਕਾਸ਼ ਉਤਸਵ' ਅਜਿਹੇ ਸਮਾਜ ਦੀ ਸਿਰਜਣਾ ਕਰਨ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਦਾ ਮੌਕਾ ਹੈ ਜਿੱਥੇ ਹਰ ਮਨੁੱਖ ਬਿਨਾਂ ਕਿਸੇ ਭੇਦਭਾਵ ਦੇ ਸਵੈ-ਮਾਣ ਅਤੇ ਗੌਰਵ ਨਾਲ ਜੀਵਨ ਬਤੀਤ ਕਰਦਾ ਹੈ।

ਮੁੱਖ ਮੰਤਰੀ ਨੇ ਡੇਰਾ ਬੱਲਾਂ ਵੱਲੋਂ ਲੋਕਾਂ ਦੀ ਸਮਾਜਿਕ ਅਤੇ ਆਰਥਿਕ ਭਲਾਈ ਵਿੱਚ ਨਿਭਾਈ ਜਾ ਰਹੀ ਭੂਮਿਕਾ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਫਲਸਫੇ ਨਾਲ ਲੋਕਾਂ ਨੂੰ ਜੋੜਨ ਦੇ ਨਾਲ-ਨਾਲ ਡੇਰੇ ਨੇ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਨੂੰ ਮਿਆਰੀ ਸਿੱਖਿਆ ਅਤੇ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਹਮੇਸ਼ਾ ਅਹਿਮ ਭੂਮਿਕਾ ਨਿਭਾਈ ਹੈ। ਭਗਵੰਤ ਮਾਨ ਨੇ ਡੇਰੇ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੀਆਂ ਜਾ ਰਹੀਆਂ ਨਿਸ਼ਕਾਮ ਸੇਵਾਵਾਂ ਦੀ ਵੀ ਸ਼ਲਾਘਾ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਆਪਣਾ ਅਹੁਦਾ ਸੰਭਾਲਣ ਤੋਂ ਤੁਰੰਤ ਬਾਅਦ ਹਦਾਇਤਾਂ ਜਾਰੀ ਕੀਤੀਆਂ ਸਨ ਕਿ ਸਾਰੇ ਸਰਕਾਰੀ ਦਫ਼ਤਰਾਂ ਵਿੱਚ ਸਿਰਫ਼ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੀਆਂ ਤਸਵੀਰਾਂ ਹੀ ਲਗਾਈਆਂ ਜਾਣ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਦੇਸ਼ ਨੂੰ ਵਿਦੇਸ਼ੀ ਹਕੂਮਤ ਤੋਂ ਆਜ਼ਾਦ ਕਰਵਾਉਣ ਵਾਲੇ ਮਹਾਨ ਆਜ਼ਾਦੀ ਘੁਲਾਟੀਏ ਸ਼ਹੀਦ ਭਗਤ ਸਿੰਘ ਅਤੇ ਬਾਬਾ ਸਾਹਿਬ ਅੰਬੇਡਕਰ ਦੇ ਸਨਮਾਨ ਵਜੋਂ ਚੁੱਕਿਆ ਗਿਆ ਹੈ, ਜਿਨ੍ਹਾਂ ਨੇ ਸਾਰਿਆਂ ਲਈ ਬਰਾਬਰ ਹੱਕਾਂ ਦੀ ਰਾਖੀ ਲਈ ਸੰਵਿਧਾਨ ਤਿਆਰ ਕੀਤਾ ਸੀ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਇਨ੍ਹਾਂ ਦੋਵਾਂ ਮਹਾਨ ਕੌਮੀ ਆਗੂਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਸਾਹਿਬ ਅੰਬੇਦਕਰ ਜੀ ਦੀ ਵਿਚਾਰਧਾਰਾ ਅਨੁਸਾਰ ਸੂਬਾ ਸਰਕਾਰ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਨੂੰ ਸਮਰੱਥ ਤੇ ਕਾਬਲ ਬਣਨ ਦੇ ਮੌਕੇ ਦੇ ਰਹੀ ਹੈ। ਉਨ੍ਹਾਂ ਕਿਹਾ ਕਿ 'ਸਕੂਲ ਆਫ ਐਮੀਨੈਂਸ' ਗਰੀਬ ਪਰ ਹੋਣਹਾਰ ਵਿਦਿਆਰਥੀਆਂ ਨੂੰ ਖੁਸ਼ਹਾਲ ਭਵਿੱਖ ਲਈ ਤਿਆਰ ਕਰਕੇ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨਗੇ। ਭਗਵੰਤ ਮਾਨ ਨੇ ਸ਼ਰਧਾਲੂਆਂ ਨੂੰ ਸੂਬੇ ਅਤੇ ਪਵਿੱਤਰ ਨਗਰੀ ਬਨਾਰਸ ਦੀ ਸ਼ਾਂਤੀ, ਤਰੱਕੀ ਅਤੇ ਖੁਸ਼ਹਾਲੀ ਲਈ ਅਰਦਾਸ ਕਰਨ ਦੀ ਵੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੀ ਬਖਸ਼ਿਸ਼ ਸਦਕਾ ਸੂਬਾ ਸਰਕਾਰ ਵੱਲੋਂ ਛੇਤੀ ਹੀ 'ਰੰਗਲਾ ਪੰਜਾਬ' ਸਿਰਜਿਆ ਜਾਵੇਗਾ।

ਇਸ ਮੌਕੇ ਵਿਧਾਇਕ ਬਲਕਾਰ ਸਿੰਘ, ਰਮਨ ਅਰੋੜਾ, ਸ਼ੀਤਲ ਅੰਗੁਰਾਲ ਅਤੇ ਇੰਦਰਜੀਤ ਕੌਰ ਮਾਨ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਪੁਲਿਸ ਕਮਿਸ਼ਨਰ ਕੁਲਦੀਪ ਚਾਹਲ, ਮੁੱਖ ਮੰਤਰੀ ਦੇ ਵਧੀਕ ਪ੍ਰਮੁੱਖ ਸਕੱਤਰ ਹਿਮਾਂਸ਼ੂ ਜੈਨ ਅਤੇ ਹੋਰ ਵੀ ਹਾਜ਼ਰ ਸਨ।


NEED A LAWYER ??
KAUR LAW OFFICE
Red Seal NOTARY

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
